# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਤਹਿਬਜ਼ਾਰੀ ਟੀਮ ਨੇ ਨਗਰ ਨਿਗਮ ਦੀ ਜਗ੍ਹਾ ਦੇ ਰੱਖੇ ਸਮਾਨ ਨੂੰ ਕਬਜ਼ੇ ਵਿੱਚ ਲਿਆ............ਕਾਰਜ ਸਾਧਕ ਅਫਸਰ

ਹੁਸ਼ਿਆਰਪੁਰ 07 ਜੂਨ- ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਹੇਠ ਨਗਰ ਨਿਗਮ ਦੀ ਤਹਿਬਜ਼ਾਰੀ ਟੀਮ ਨੇ ਅੱਜ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਰੇਲਵੇ ਰੋਡ, ਸ਼ੈਸ਼ਨ ਚੌਕ, ਗਰਮਿੰਟ ਕਾਲਜ਼ ਚੌਂਕ, ਫਗਵਾੜਾ ਰੋਡ, ਕੋਤਵਾਲੀ ਬਜ਼ਾਰ ਅਤੇ ਮਾਲ ਰੋਡ ਦਾ ਦੌਰਾ ਕੀਤਾ ਅਤੇ ਦੁਕਾਨਦਾਰਾਂ ਵਲੋ ਨਗਰ ਨਿਗਮ ਦੀ ਜਗ੍ਹਾ ਦੇ ਰੱਖੇ ਗਏ ਸਮਾਨ ਨੂੰ ਕਬਜ਼ੇ ਵਿੱਚ ਲਿਆ ਅਤੇ ਉਨਾਂ ਨੂੰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਦੀ ਹਦਾਇਤ ਕੀਤੀ। ਇਹ ਜਾਣਕਾਰੀ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦਿੰਦਿਆਂ ਦੱਸਿਆ ਕਿ ਸ਼ਹਿਰ ਵਿਚ ਹੋ ਰਹੀ ਟਰੈਫਿਕ ਦੀ ਸਮੱਸਿਆ ਨੂੰ ਘਟਾਉਣ ਲਈ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਦੀ ਮੁਹਿੰਮ ਚਲਾਈ ਗਈ ਹੈ ਉਹਨਾਂ ਕਿਹਾ ਕਿ ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਕਿਉਂਕਿ ਇਸ ਨਾਲ ਸੜਕਾਂ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਦਿੱਕਤ ਪੇਸ਼ ਆਉਂਦੀ ਹੈ ਅਤੇ ਸੜਕੀ ਆਵਜਾਈ ਵਿਚ ਰੁਕਾਵਟ ਪੈਂਦੀ ਹੈ। ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਗਈ ਤਹਿਬਜ਼ਾਰੀ ਟੀਮ ਵਿੱਚ ਇੰਸਪੈਕਟਰ ਸੁਰਜੀਤ ਬਹਿਲ, ਜ਼ਸਵੀਰ ਸਿੰਘ, ਲੇਖਰਾਜ, ਸੰਨੀ, ਗੋਰਵ ਸ਼ਰਮਾ, ਅਮਨਦੀਪ ਅਤੇ ਕੁਲਵਿੰਦਰ ਸਿੰਘ ਵੀ ਸ਼ਾਮਿਲ ਸਨ।